# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 11-06-2024**

ਕੇਂਦਰੀ ਮੰਤਰੀ ਮੰਡਲ ਨੇ, ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ, ਤਿੰਨ ਕਰੋੜ ਵਾਧੂ ਮਕਾਨਾਂ ਦੇ ਨਿਰਮਾਣ ਨੂੰ ਮਨਜ਼ੂਰੀ ਦੇ ਦਿੱਤੀ ਏ । ਇਹ ਫੈਸਲਾ ਕੱਲ੍ਹ ਨਵੀਂ ਦਿੱਲੀ ਵਿੱਚ, ਕੌਮੀ ਜਮਹੂਰੀ ਗਠਜੋੜ ਸਰਕਾਰ ਦੇ ਨਵੇਂ ਬਣੇ ਕੇਂਦਰੀ ਮੰਤਰੀ ਮੰਡਲ ਦੀ ਪਹਿਲੀ ਮੀਟਿੰਗ ਵਿੱਚ ਲਿਆ ਗਿਆ। ਕੇਂਦਰ ਸਰਕਾਰ ਨੇ ਯੋਗ ਪੇਂਡੂ ਅਤੇ ਸ਼ਹਿਰੀ ਪਰਿਵਾਰਾਂ ਨੂੰ ਬੁਨਿਆਦੀ ਸਹੂਲਤਾਂ ਵਾਲੇ ਮਕਾਨ ਬਣਾਉਣ ਲਈ ਸਹਾਇਤਾ ਪ੍ਰਦਾਨ ਕਰਨ ਵਾਸਤੇ ਸਾਲ 2015 ਤੋਂ ਪ੍ਰਧਾਨ ਮੰਤਰੀ ਆਵਾਸ ਯੋਜਨਾ ਲਾਗੂ ਕੀਤੀ ਹੋਈ ਏ । ਇਸ ਸਕੀਮ ਤਹਿਤ ਪਿਛਲੇ 10 ਸਾਲਾਂ ਵਿੱਚ ਯੋਗ ਗਰੀਬ ਪਰਿਵਾਰਾਂ ਲਈ ਕੁੱਲ 4 ਕਰੋੜ 21 ਲੱਖ ਘਰ ਬਣਾਏ ਗਏ ਨੇ । ਯੋਜਨਾ ਤਹਿਤ ਬਣਾਏ ਗਏ ਇਨ੍ਹਾਂ ਘਰਾਂ ਵਿੱਚ ਪਖਾਨੇ, ਐਲ.ਪੀ.ਜੀ. ਕੁਨੈਕਸ਼ਨ, ਬਿਜਲੀ

ਕੁਨੈਕਸ਼ਨ, ਜਲ ਤੋਂ ਜਲ ਕੁਨੈਕਸ਼ਨ ਅਤੇ ਹੋਰ ਬੁਨਿਆਦੀ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਜਾਂਦੀਆਂ ਨੇ। ਓਧਰ ਕੇਂਦਰ ਸਰਕਾਰ ਨੇ ਜੂਨ ਮਹੀਨੇ ਲਈ ਰਾਜਾਂ ਨੂੰ ਇਕ ਲੱਖ 39 ਹਜ਼ਾਰ ਕਰੋੜ ਰੁਪਏ ਤੋਂ ਵੱਧ ਕਰ ਰਾਸ਼ੀ ਜਾਰੀ ਕੀਤੀ ਏ। ਵਿੱਤ ਮੰਤਰਾਲੇ ਨੇ ਕਿਹਾ ਕਿ ਇਹ ਰਾਸ਼ੀ, ਰਾਜ ਸਰਕਾਰਾਂ ਨੂੰ ਵਿਕਾਸ ਅਤੇ ਪੂੰਜੀਗਤ ਖਰਚੇ ਤੇਜ਼ੀ ਲਿਆਉਣ ਵਿੱਚ ਮਦਦ ਕਰੇਗੀ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਨਿਯਮਿਤ ਤੌਰ 'ਤੇ ਯੋਗਾ ਕਰਨ ਦਾ ਸੱਦਾ ਦਿੱਤਾ ਏ। ਉਨ੍ਹਾਂ ਨੇ ਅੱਜ ਐਕਸ ਹੈਂਡਲ ਪੋਸਟ 'ਤੇ ਯੋਗ ਦੀ ਮਹੱਤਤਾ ਬਾਰੇ ਚਰਚਾ ਕੀਤੀ ਏ। ਜ਼ਿਕਰਯੋਗ ਏ ਕਿ ਕੌਮਾਂਤਰੀ ਯੋਗ ਦਿਵਸ 21 ਜੂਨ ਨੂੰ ਮਨਾਇਆ ਜਾਂਦਾ ਏ ਅਤੇ ਪ੍ਰਧਾਨ ਮੰਤਰੀ ਮੋਦੀ ਕੌਮਾਂਤਰੀ ਯੋਗ ਦਿਵਸ ਦੇ ਮੋਢੀ ਨੇ। ਸ੍ਰੀ ਮੋਦੀ ਨੇ ਆਪਣੀ ਪੋਸਟ ਵਿਚ ਲਿਖਿਆ ਏ, ਜਿਵੇਂ-ਜਿਵੇਂ ਯੋਗ ਦਿਵਸ ਨੇੜੇ ਆ ਰਿਹਾ ਏ , ਉਹ ਵੀਡੀਓ ਦਾ ਇੱਕ ਸੈੱਟ ਸਾਂਝਾ ਕਰ ਰਹੇ ਨੇ, ਜੋ ਵੱਖ-ਵੱਖ ਆਸਣਾਂ ਅਤੇ ਉਨ੍ਹਾਂ ਦੇ ਫਾਇਦਿਆਂ ਬਾਰੇ ਮਾਰਗ-ਦਰਸ਼ਨ ਪ੍ਰਦਾਨ ਕਰੇਗਾ, ਅਤੇ ਉਨ੍ਹਾਂ ਨੂੰ

ਉਮੀਦ ਏ ਕਿ ਇਹ ਸਾਰਿਆਂ ਨੂੰ ਨਿਯਮਿਤ ਤੌਰ 'ਤੇ ਯੋਗਾ ਕਰਨ ਲਈ ਪ੍ਰੇਰਿਤ ਵੀ ਕਰੇਗਾ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਯੋਗ ਨੂੰ ਆਪਣੇ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਣਾ ਅਤੇ ਦੂਜਿਆਂ ਨੂੰ ਵੀ, ਇਸਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਲਈ ਉਤਸ਼ਾਹਿਤ ਕਰਨਾ ਜ਼ਰੂਰੀ ਏ । ਯੋਗ ਸ਼ਾਂਤੀ ਦਾ ਅਸਥਾਨ ਪ੍ਰਦਾਨ ਕਰਦਾ ਏ , ਜੋ ਸਾਨੂੰ ਸ਼ਾਂਤੀ ਅਤੇ ਧੀਰਜ ਨਾਲ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਯੋਗ ਬਣਾਉਂਦਾ ਏ।

---------------------------------------------------------

ਕੌਮਾਂਤਰੀ ਯੋਗ ਦਿਵਸ 2023 ਵਿੱਚ 23 ਕਰੋੜ ਤੋਂ ਵੱਧ ਲੋਕਾਂ ਨੇ ਹਿੱਸਾ ਲਿਆ ਸੀ। ਇਸ ਵਾਰ ਵੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਮੋਹਾਲੀ ਤੋਂ ਯੋਗ ਮਾਹਰਾਂ ਅਤੇ ਲੋਕਾਂ ਦਾ ਕਹਿਣਾ ਏ, ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਨਾਲ ਉਨ੍ਹਾਂ ਨੂੰ ਬਹੁਤ ਫਾਇਦਾ ਮਿਲਿਆ ਏ।

---------------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ

ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋ ਜਾਣਗੇ। ਇਨਾਂ ਵਿੱਚ ਔਰਤਾਂ ਤੇ ਬੱਚਿਆਂ ਪ੍ਰਤੀ ਜੁਰਮਾਂ ‘ਤੇ ਖਾਸ ਨਜ਼ਰ ਰੱਖੀ ਗਈ ਏ। ਜਿਣਸੀ ਜ਼ੁਰਮਾਂ ਨਾਲ ਨਜਿੱਠਣ ਲਈ, ‘ਔਰਤਾਂ ਤੇ ਬੱਚਿਆਂ ਪ੍ਰਤੀ ਅਪਰਾਧ‘ ਨਾਂ ਦਾ ਇੱਕ ਨਵਾਂ ਅਧਿਆਇ ਸ਼ਾਮਿਲ ਕੀਤਾ ਗਿਆ ਏ। ਮਾਨਸਾ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰ, ਇਨਾਂ ਕਾਨੂੰਨਾਂ ਨੂੰ ਕਾਫੀ ਫਾਇਦੇਮੰਦ ਦੱਸਦੇ ਨੇ।

---------------------------------------------------------------

ਗੜ੍ਹਸ਼ੰਕਰ ਦੇ ਕਸਬਾ ਪੋਜੇਵਾਲ ਨੇੜੇ, ਪਿੰਡ ਟੋਰੋਵਾਲ ਵਿਖੇ, ਬੀਤੀ ਰਾਤ ਸ਼ਰਧਾਲੂਆਂ ਦਾ ਕੈਂਟਰ ਪਲਟਨ ਕਾਰਣ, ਇਕ 9 ਸਾਲਾ ਬੱਚੇ ਸਮੇਤ 3 ਜਣਿਆ ਦੀ ਮੌਤ ਹੋ ਗਈ , ਜਦਕਿ ਕਰੀਬ 40 ਸ਼ਰਧਾਲੂ ਜ਼ਖ਼ਮੀ ਹੋ ਗਏ। ਹਿੰਦੁਸਥਾਨ ਖਬਰ ਏਜੰਸੀ ਮੁਤਾਬਿਕ, ਇਹ ਹਾਦਸਾ ਉਸ ਵੇਲੇ ਵਾਪਰਿਆ ਜਦੋਂ, ਸ੍ਰੀ ਖੁਰਾਲਗੜ੍ਹ ਸਾਹਿਬ ਤੋਂ ਪਰਤ ਰਹੇ ਸ਼ਰਧਾਲੂਆਂ ਦਾ ਕੈਂਟਰ, ਬਾਬਾ ਪ੍ਰੇਮ ਦਾਸ ਦੀ ਕੁਟੀਆ ਦੇ ਨਜ਼ਦੀਕ ਮੋੜ 'ਤੇ ਬੇਕਾਬੂ ਹੋ ਕੇ ਪਲਟ ਗਿਆ। ਜ਼ਖ਼ਮੀ ਸ਼ਰਧਾਲੂਆਂ ਨੂੰ ਲੋਕਾਂ ਤੇ

ਪੁਲਿਸ ਦੀ ਮਦਦ ਨਾਲ ਗੜ੍ਹਸ਼ੰਕਰ ਤੇ ਸੜੋਆ ਦੇ ਹਸਪਤਾਲਾਂ ’ਚ ਦਾਖ਼ਲ ਕਰਵਾਇਆ ਗਿਆ ਅਤੇ ਨਾਜ਼ੁਕ ਹਾਲਤ ਵਾਲਿਆਂ ਨੂੰ ਪੀ. ਜੀ. ਆਈ. ਚੰਡੀਗੜ੍ਹ ਲਈ ਰੈਫਰ ਕੀਤਾ ਗਿਆ। ਇਹ ਸ਼ਰਧਾਲੂ ਜ਼ਿਲ੍ਹਾ ਪਟਿਆਲਾ ਦੇ ਪਿੰਡ ਉੜ-ਧਣ  ਦੇ ਰਹਿਣ ਵਾਲੇ ਨੇ।